# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-08-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਆਫ਼ਤਾਂ ਕਾਰਨ ਹੋਣ ਵਾਲੇ ਜਾਨੀ ਨੁਕਸਾਨ ਨੂੰ ਘਟਾਉਣ ਲਈ, ਦੇਸ਼ ਦੀ ਅਗਾਊਂ -ਅਨੁਮਾਨ ਪ੍ਰਣਾਲੀ ਨੂੰ ਫੂਲਪਰੂਫ ਤੇ ਵਧੇਰੇ ਸਟੀਕ ਬਣਾਉਣ ਦੀ ਜਰੂਰਤ 'ਤੇ ਜ਼ੋਰ ਦਿੱਤਾ ਏ।
- ਸੁਪਰੀਮ ਕੋਰਟ ਨੇ ਮੈਡੀਕਲ ਪੇਸ਼ੇਵਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ, ਇੱਕ ਕੌਮੀ ਕਾਰਜ ਬਲ ਦਾ ਗਠਨ ਕੀਤਾ ਏ।
- ਪੰਜਾਬ ਵਿਚ ਵਿਰਾਸਤੀ ਟੈਕਸ ਮਾਮਲਿਆਂ ਨੂੰ ਘਟਾਉਣ ਤੇ ਸੁਚਾਰੂ ਬਣਾਉਣ ਲਈ ਸ਼ੁਰੂ ਯਕਮੁਸ਼ਤ ਨਿਪਟਾਰਾ ਸਕੀਮ - 3 ਦਾ ਕੁੱਲ, 70 ਹਜ਼ਾਰ 311 ਡੀਲਰਾਂ ਨੇ ਲਾਭ ਲਿਆ ਏ।
- ਆਜ਼ਾਦੀ ਦੀ 77ਵੀਂ ਵਰ੍ਹੇਗੰਢ ਦੇ ਜਸ਼ਨਾਂ ਨੂੰ ਜਾਰੀ ਰੱਖਦਿਆਂ, ਆਕਾਸ਼ਵਾਣੀ ਜਲੰਧਰ ਵੱਲੋਂ ਭਲਕੇ ਲਵਲੀ ਪ੍ਰੋਫੈਸ਼ਨਲ

ਯੂਨੀਵਰਸਿਟੀ ਵਿੱਚ, ਸੰਗੀਤ ਸਮਾਗਮ 'ਸੂਫ਼ੀ ਰੰਗ' ਕਰਵਾਇਆ ਜਾਵੇਗਾ ।

----------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਦੇਸ਼ ਦੀ ਅਗਾਉ-ਅਨੁਮਾਨ ਪ੍ਰਣਾਲੀ ਨੂੰ ਫੂਲਪਰੂਫ ਅਤੇ ਵਧੇਰੇ ਸਟੀਕ ਬਣਾਉਣ ਦੀ ਜਰੂਰਤ 'ਤੇ ਜ਼ੋਰ ਦਿੱਤਾ ਏ, ਤਾਂ ਜੋ ਆਫ਼ਤਾਂ ਕਾਰਨ ਹੋਣ ਵਾਲੇ ਜਾਨੀ ਨੁਕਸਾਨ ਨੂੰ ਘੱਟ ਤੋਂ ਘੱਟ ਕੀਤਾ ਜਾ ਸਕੇ । ਰਾਸ਼ਟਰਪਤੀ ਭਵਨ ਵਿਖੇ, ਰਾਸ਼ਟਰੀ ਭੂ-ਵਿਗਿਆਨ ਪੁਰਸਕਾਰ ਪ੍ਰਦਾਨ ਕਰਨ ਤੋਂ ਬਾਅਦ, ਇਕ ਇਕੱਠ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਮੁਰਮੂ ਨੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਜ਼ਮੀਨ ਖਿਸਕਣ ਅਤੇ ਹੜ੍ਹਾਂ ਵਰਗੀਆਂ ਆਫ਼ਤਾਂ ਕਾਰਨ ਹੋਏ ਜਾਨੀ ਨੁਕਸਾਨ ਦਾ ਜ਼ਿਕਰ ਕੀਤਾ । ਉਨਾਂ ਕਿਹਾ ਕਿ ਕੋਲਕਾਤਾ ਵਿੱਚ ਜ਼ਮੀਨ ਖਿਸਕਣ ਬਾਰੇ ਅਗਾਊਂ ਅਨੁਮਾਨ ਕੇਂਦਰ ਦੀ ਸਥਾਪਨਾ ਕੀਤੀ ਜਾ ਰਹੀ ਏ, ਤਾਂ ਜੋ ਭੂਮੀ ਖਿਸਕਣ ਵਾਲੇ ਸਾਰੇ ਸੂਬਿਆਂ ਲਈ ਅਗਾਊਂ ਚੇਤਾਵਨੀ ਬੁਲੇਟਿਨ ਜਾਰੀ ਕੀਤੇ ਜਾ ਸਕਣ । ਰਾਸ਼ਟਰਪਤੀ ਨੇ 12 ਸ਼੍ਰੇਣੀਆਂ

ਵਿੱਚ, 21 ਭੂ-ਵਿਗਿਆਨੀਆਂ ਨੂੰ ਰਾਸ਼ਟਰੀ ਭੂ-ਵਿਗਿਆਨ ਪੁਰਸਕਾਰ ਵੀ ਪ੍ਰਦਾਨ ਕੀਤੇ।

---------------------------------------------------------

ਸੁਪਰੀਮ ਕੋਰਟ ਨੇ ਮੈਡੀਕਲ ਪੇਸ਼ੇਵਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ, ਇੱਕ ਕੌਮੀ ਕਾਰਜ ਬਲ ਦਾ ਗਠਨ ਕੀਤਾ ਏ। ਚੀਫ਼ ਜਸਟਿਸ ਡੀ. ਵਾਈ. ਚੰਦਰਚੂੜ ਦੀ ਅਗਵਾਈ ਵਾਲੇ ਬੈਂਚ ਨੇ, ਕੋਲਕਾਤਾ ਦੇ ਇੱਕ ਹਸਪਤਾਲ ਵਿੱਚ ਇੱਕ ਡਾਕਟਰ ਨਾਲ ਜ਼ਬਰ ਜਿਨਾਹ ਤੇ ਹੱਤਿਆ ਦੇ ਮਾਮਲੇ ਦੀ ਸੁਣਵਾਈ ਕਰਦਿਆਂ ਕਾਰਜ ਬਲ ਨੂੰ ਤਿੰਨ ਹਫ਼ਤਿਆਂ ਵਿੱਚ ਅੰਤਰਿਮ ਰਿਪੋਰਟ ਅਤੇ ਦੋ ਮਹੀਨਿਆਂ ਵਿੱਚ ਅੰਤਿਮ ਰਿਪੋਰਟ ਸੌਂਪਣ ਦਾ ਨਿਰਦੇਸ਼ ਦਿੱਤਾ ਏ। ਚੀਫ਼ ਜਸਟਿਸ ਨੇ ਕਿਹਾ ਕਿ ਅਦਾਲਤ, ਔਰਤਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ, ਦੇਸ਼ ਭਰ ਵਿੱਚ ਅਪਣਾਏ ਜਾਣ ਵਾਲੇ ਰੂਪ-ਰੇਖਾਵਾਂ ਬਾਰੇ ਸਿਫ਼ਾਰਸ਼ਾਂ ਪ੍ਰਦਾਨ ਕਰਨ ਲਈ, ਦੇਸ਼ ਭਰ ਦੇ ਡਾਕਟਰਾਂ ਦੀ ਇੱਕ ਕੌਮੀ ਕਾਰਜ ਬਲ ਬਣਾ ਰਹੀ ਏ। ਡਾਕਟਰਾਂ ਤੇ ਮੈਡੀਕਲ ਪੇਸ਼ੇਵਰਾਂ ਦੇ ਅਸੁਰੱਖਿਅਤ ਕੰਮ ਕਰਨ ਵਾਲੇ ਮਾਹੌਲ 'ਤੇ ਡੂੰਘੀ ਚਿੰਤਾ ਜ਼ਾਹਰ ਕਰਦੇ ਹੋਏ, ਅਦਾਲਤ ਨੇ ਕਿਹਾ

ਕਿ ਮੌਜੂਦਾ ਕਾਨੂੰਨ ਡਾਕਟਰਾਂ ਦੀ ਸੰਸਥਾਗਤ ਸੁਰੱਖਿਆ ਨੂੰ ਢੁਕਵੇਂ ਰੂਪ ਨਾਲ ਸੰਬੋਧਿਤ ਨਹੀਂ ਕਰਦੇ ਨੇ। ਅਦਾਲਤ ਨੇ ਜ਼ੋਰ ਦੇ ਕੇ ਕਿਹਾ ਕਿ ਜ਼ਮੀਨੀ ਪੱਧਰ 'ਤੇ ਚੀਜ਼ਾਂ ਬਦਲਣ ਲਈ, ਦੇਸ਼ ਇਕ ਹੋਰ ਜ਼ਬਰ ਜਿਨਾਹ ਤੇ ਕਤਲ ਦੀ ਉਡੀਕ ਨਹੀਂ ਕਰ ਸਕਦਾ।

---------------------------------------------------------------

ਕੇਂਦਰੀ ਸਿਹਤ ਮੰਤਰਾਲੇ ਨੇ ਕੇਂਦਰ ਸਰਕਾਰ ਦੇ ਸਾਰੇ ਹਸਪਤਾਲਾਂ ਤੇ ਸੰਸਥਾਵਾਂ ਦੇ ਮੁਖੀਆਂ ਨੂੰ ਹਸਪਤਾਲਾਂ ਵਿੱਚ ਸੁਰੱਖਿਆ ਵਧਾਉਣ ਲਈ ਲਿਖਿਆ ਏ। ਮੰਤਰਾਲੇ ਨੇ ਰਣਨੀਤਕ ਸਥਾਨਾਂ 'ਤੇ ਉੱਚ-ਰੈਜ਼ੋਲੂਸ਼ਨ ਸੀ. ਸੀ. ਟੀ. ਵੀ. ਕੈਮਰੇ ਲਗਾਉਣ ਦੀ ਬੇਨਤੀ ਕੀਤੀ ਏ, ਜਿਸ ਵਿੱਚ ਪ੍ਰਵੇਸ਼ ਦੁਆਰ, ਨਿਕਾਸ, ਗਲਿਆਰੇ, ਹਨੇਰੇ ਸਥਾਨਾਂ ਅਤੇ ਸੰਵੇਦਨਸ਼ੀਲ ਖੇਤਰ ਸ਼ਾਮਲ ਨੇ। ਮੰਤਰਾਲੇ ਨੇ ਕਿਹਾ ਕਿ ਹੰਗਾਮੀ ਸਥਿਤੀਆਂ 'ਤੇ ਤੁਰੰਤ ਜਵਾਬ ਦੇਣ ਲਈ ਇਕ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਜਾਣਾ ਚਾਹੀਦਾ ਏ। ਇਸ ਵਿਚ ਕਿਹਾ ਗਿਆ ਏ ਕਿ ਹਸਪਤਾਲ ਦੇ ਅਹਾਤੇ ਦੀ ਸਹੀ ਨਿਗਰਾਨੀ ਤੇ ਗਸ਼ਤ ਲਈ ਚੰਗੀ ਤਰ੍ਹਾਂ ਸਿਖਲਾਈ ਪ੍ਰਾਪਤ ਸੁਰੱਖਿਆ ਗਾਰਡਾਂ ਨੂੰ ਤਾਇਨਾਤ ਕੀਤਾ ਜਾਣਾ ਚਾਹੀਦਾ ਏ। ਮੰਤਰਾਲੇ

ਨੇ ਕਿਹਾ ਕਿ ਸਿਰਫ ਅਧਿਕਾਰਤ ਕਰਮਚਾਰੀਆਂ ਤੱਕ ਪਹੁੰਚ ਦੀ ਆਗਿਆ ਦੇਣ ਲਈ ਦਾਖਲੇ ਤੇ ਬਾਹਰ ਨਿਕਲਣ ਦੀ ਸਖਤ ਨਿਗਰਾਨੀ ਅਤੇ ਡਿਊਟੀ ਦੌਰਾਨ, ਹਸਪਤਾਲ ਦੇ ਸਾਰੇ ਕਰਮਚਾਰੀਆਂ ਵਲੋਂ ਆਈ ਡੀ ਕਾਰਡਾਂ ਦੀ ਪ੍ਰਦਰਸ਼ਨੀ ਨੂੰ ਲਾਜ਼ਮੀ ਬਣਾਇਆ ਜਾਣਾ ਚਾਹੀਦਾ ਏ। ਇਸ ਤੋਂ ਇਲਾਵਾ, ਕੈਂਪਸ ਵਿੱਚ ਹਨੇਰੇ ਸਥਾਨਾਂ ਨੂੰ ਮੈਪ ਕੀਤਾ ਜਾਣਾ ਚਾਹੀਦਾ ਏ, ਅਤੇ ਖਾਸ ਤੌਰ 'ਤੇ ਮਹਿਲਾ ਸਿਹਤ ਸੰਭਾਲ ਸਟਾਫ ਦੇ ਡਿਊਟੀ ਵਾਲੇ ਖੇਤਰਾਂ, ਪਾਰਕਿੰਗ ਸਥਾਨਾਂ ਤੇ ਪ੍ਰਵੇਸ਼ ਮਾਰਗਾਂ ਵਿੱਚ ਜਰੂਰੀ ਰੋਸ਼ਨੀ ਯਕੀਨੀ ਬਣਾਈ ਜਾਣੀ ਚਾਹੀਦੀ ਏ।

----------------------------------------------------

ਏਧਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ, ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਮਹਿਲਾ ਸਿੱਖਿਆਰਥੀ ਡਾਕਟਰ ਦੇ ਜਬਰ-ਜਨਾਹ ਤੋਂ ਬਾਅਦ ਉਸਦੇ ਕ਼ਤਲ ਕੀਤੇ ਜਾਣ ਦੇ ਮਾਮਲੇ ਦੀ ਸਖਤ ਨਿਖੇਧੀ ਕਰਦਿਆਂ, ਇਸ ਦੀ ਉੱਚ ਪੱਧਰੀ ਜਾਂਚ ਕਰਕੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ ਏ। ਫਤਹਿਗੜ੍ਹ ਸਾਹਿਬ ਤੋਂ ਅੱਜ ਜਾਰੀ ਇਕ ਬਿਆਨ ਵਿਚ, ਉਨਾਂ ਕਿਹਾ ਕਿ

ਇਹ ਘਟਨਾ ਰੂਹ ਕੰਬਉਣ ਵਾਲੀ ਏ ਅਤੇ ਹਰ ਅਦਾਰੇ ਵਿਚ ਕੁੜੀਆਂ ਤੇ ਔਰਤਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ, ਹਸਪਤਾਲਾਂ ਵਿੱਚ ਸੁਰੱਖਿਆ ਲਈ ਜਰੂਰੀ ਕਦਮ ਚੁੱਕੇ ਜਾਣ। ਉਨਾਂ ਕਿਹਾ ਕਿ ਭਾਵੇਂ ਦੇਸ਼ ਵਿੱਚ ਪਹਿਲਾਂ ਹੀ ਕਾਨੂੰਨ ਸਖਤ ਨੇ, ਪਰ ਕ਼ਾਨੂਨ ਨੂੰ ਲਾਗੂ ਕਰਨ ਵਾਲੀਆਂ ਸਰਕਾਰਾਂ ਤੇ ਅਧਿਕਾਰੀਆਂ ਦੀ ਨੀਤੀ ਅਤੇ ਨੀਅਤ ਸਹੀ ਹੋਣੀ ਚਾਹੀਦੀ ਏ, ਤਾਂ ਹੀ ਪੀੜਤਾਂ ਨੂੰ ਸਹੀ ਸਮੇਂ ਤੇ ਇਨਸਾਫ ਦਿੱਤਾ ਜਾ ਸਕਦਾ ਏ।

---------------------------------------------------

ਪੰਜਾਬ ਵਿਚ ਮੌਜੂਦਾ ਸਰਕਾਰ ਬਣਨ ਤੋਂ ਬਾਅਦ, ਰਿਕਾਰਡ ਤੋੜ ਵਿਕਾਸ ਕਾਰਜ ਕਰਵਾਏ ਗਏ ਨੇ ਜਿਹੜੇ ਕਿ ਨਿਰੰਤਰ ਜਾਰੀ ਨੇ। ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ, ਪਿੰਡ ਧੂੜਕੋਟ, ਚੰਦਬਾਜਾ ਅਤੇ ਮਚਾਕੀ ਮੱਲ ਸਿੰਘ ਵਿਖੇ ਗਲੀਆਂ-ਨਾਲੀਆਂ ਦੀ ਉਸਾਰੀ ਦੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਣ ਉਪਰੰਤ ਇਹ ਗੱਲ ਕਹੀ। ਇਸ ਮੌਕੇ ਉਨ੍ਹਾਂ ਕਿਹਾ ਕਿ ਸਰਕਾਰ ਦਾ ਪੂਰਾ ਯਤਨ ਏ, ਕਿ ਉਨ੍ਹਾਂ ਦੇ ਜਿਲ੍ਹੇ ਦੇ ਸ਼ਹਿਰਾਂ ਦੇ ਨਾਲ ਨਾਲ ਪਿੰਡਾਂ ਦੀ ਵੀ ਦਿੱਖ

ਬਦਲੀ ਜਾਵੇ ਅਤੇ ਪਿੰਡਾਂ ਦਾ ਵੱਧ ਤੋਂ ਵੱਧ ਵਿਕਾਸ ਕਰਵਾਇਆ ਜਾਵੇ । ਕੁਲਾਤਰ ਸਿੰਘ ਸੰਧਵਾਂ ਨੇ ਕਿਹਾ ਕਿ ਉਹ ਖੁਦ, ਸਮੇਂ ਸਮੇਂ ਤੇ ਪਿੰਡਾਂ ਵਿੱਚ ਜਾਂਦੇ ਨੇ ਅਤੇ ਲੋਕਾਂ ਨੂੰ ਮਿਲ ਕੇ, ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਮੌਕੇ ਤੇ ਹੀ ਹੱਲ ਕਰਨ ਦਾ ਯਤਨ ਕਰਦੇ ਨੇ । ਉਨ੍ਹਾਂ ਦੱਸਿਆ ਕਿ ਉਕਤ ਪਿੰਡਾਂ ਵਿੱਚ ਗਲੀਆਂ ਨਾਲੀਆਂ ਦੀ ਉਸਾਰੀ ਤੋਂ ਅਲਾਵਾ, ਪਿੰਡ ਮਚਾਕੀ ਮੱਲ ਸਿੰਘ ਵਿਖੇ ਪਾਣੀ ਦੇ ਨਿਕਾਸ ਲਈ ਪਾਈਪ ਲਾਈਨ ਦਾ ਵੀ ਨੀਂਹ ਪੱਥਰ ਰੱਖਿਆ ਗਿਆ ਏ । ਉਨ੍ਹਾਂ ਕਿਹਾ ਕਿ ਇਨਾਂ ਪਿੰਡਾਂ ਵਿੱਚ ਗਲੀਆਂ ਨਾਲੀਆਂ ਦੇ ਨਿਰਮਾਣ ਨਾਲ ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਦੇ ਨਾਲ ਨਾਲ ਨਵੀਂਆਂ ਗਲੀਆਂ ਬਣਨ ਨਾਲ ਪਿੰਡਾਂ ਦੀ ਦਿੱਖ ਵੀ ਬਦਲੇਗੀ।

---------------------------------------------------

ਬੰਗਲਾਦੇਸ਼ ਵਿੱਚ ਹਿੰਦੂਆਂ ਨਾਲ ਹੋ ਰਹੇ ਅੱਤਿਆਚਾਰ ਦੇ ਵਿਰੋਧ ਦੇ ਵਿੱਚ, ਅੱਜ ਬਟਾਲਾ ਦੇ ਵੱਖ-ਵੱਖ ਇਲਾਕਿਆਂ ਵਿੱਚ ਧਰਮ ਸੁਰਕਸ਼ਾ ਮੰਚ ਨੇ ਰੋਸ ਮਾਰਚ ਕੱਢਿਆ। ਇਸ ਮੌਕੇ ਪ੍ਰਦਰਸ਼ਨਕਾਰੀਆਂ ਨੇ, ਹਿੰਦੂ ਸੰਗਠਨਾਂ ਦੇ ਹੱਕ ਅਤੇ ਬੰਗਲਾਦੇਸ਼ ਦੇ ਖਿਲਾਫ ਨਾਰੇ ਲਾਏ। ਇਹ ਰੋਸ਼

ਪ੍ਰਦਰਸ਼ਨ ਬਟਾਲਾ ਦੇ ਵੱਖ-ਵੱਖ ਬਾਜ਼ਾਰਾਂ ਚੋਂ ਹੁੰਦਾ ਹੋਇਆ ਤਹਿਸੀਲਦਾਰ ਦਫਤਰ ਵਿਖੇ ਆ ਕੇ ਖਤਮ ਹੋਇਆ। ਇਸ ਮੌਕੇ ਬੋਲਦਿਆਂ ਬੀ.ਜੇ.ਪੀ ਦੇ ਜਿਲ੍ਹਾ ਪ੍ਰਧਾਨ ਹਰਸ ਵਾਲੀਆ ਨੇ ਕਿਹਾ ਕਿ ਜਿਹੜਾ ਬੰਗਲਾਦੇਸ਼ ਵਿੱਚ ਹਿੰਦੂਆਂ ਨਾਲ ਹੋ ਰਿਹਾ ਏ, ਉਹ ਬਹੁਤ ਗਲਤ ਏ ਅਤੇ ਇਸ ਬਾਰੇ ਕੇਂਦਰ ਸਰਕਾਰ ਸਖਤ ਕਦਮ ਚੁੱਕੇ ਤਾਂ ਜੋ ਬੰਗਲਾਦੇਸ਼ ਵਿੱਚ ਹਿੰਦੂਆਂ ਤੇ ਤਸ਼ੱਦਦ ਨਾ ਹੋਣ। ਪ੍ਰਦਰਸ਼ਨਕਾਰੀਆਂ ਨੇ ਬੰਗਲਾਦੇਸ਼ ਖਿਲਾਫ ਕੇਂਦਰ ਸਰਕਾਰ ਦੇ ਨਾਮ ਇਕ ਮੰਗ ਪੱਤਰ ਤਹਿਸੀਲਦਾਰ ਨੂੰ ਵੀ ਦਿੱਤਾ।

-----------------------------------------------------------

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਏ, ਕਿ ਵਿਰਾਸਤੀ ਟੈਕਸ ਮਾਮਲਿਆਂ ਨੂੰ ਘਟਾਉਣ ਅਤੇ ਸੁਚਾਰੂ ਬਣਾਉਣ ਲਈ, ਸੂਬਾ ਸਰਕਾਰ ਬੀਤੇ ਸਾਲ ਨਵੰਬਰ ਵਿੱਚ ਸ਼ੁਰੂ ਕੀਤੀ ਯਕਮੁਸ਼ਤ ਨਿਪਟਾਰਾ ਸਕੀਮ - 3 ਦਾ ਕੁੱਲ 70 ਹਜ਼ਾਰ 311 ਡੀਲਰਾਂ ਨੇ ਲਾਭ ਲਿਆ ਏ। ਚੰਡੀਗੜ੍ਹ ਤੋਂ ਜਾਰੀ ਇਕ ਪ੍ਰੈਸ ਬਿਆਨ ਵਿੱਚ, ਉਨ੍ਹਾਂ ਦੱਸਿਆ ਕਿ ਓ.ਟੀ.ਐਸ.- 3 ਦੇ ਨਤੀਜੇ

ਵਜੋਂ ਸਰਕਾਰੀ ਖਜ਼ਾਨੇ ਵਿੱਚ 164 ਕਰੋੜ 35 ਲੱਖ ਰੁਪਏ ਪ੍ਰਾਪਤ ਹੋਏ ਨੇ । ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਲੋਂ ਸ਼ੁਰੂ ਕੀਤੀਆਂ ਓ.ਟੀ.ਐਸ - 1 ਅਤੇ ਓ.ਟੀ.ਐਸ -2 ਯੋਜਨਾਵਾਂ ਇਸ ਦੇ ਉਲਟ 31 ਹਜ਼ਾਰ 768 ਮਾਮਲਿਆਂ ਵਿੱਚੋਂ ਸਿਰਫ 13 ਕਰੋੜ 15 ਲੱਖ ਰੁਪਏ ਦਾ ਕੁੱਲ ਟੈਕਸ ਮਾਲੀਆ ਹੀ ਜੁਟਾ ਪਾਈਆਂ ਸਨ । ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਓ.ਟੀ.ਐਸ - 3 ਤਹਿਤ, ਇੱਕ ਲੱਖ ਰੁਪਏ ਤੋਂ ਘੱਟ ਦੇ ਬਕਾਏ ਵਾਲੇ 50 ਹਜ਼ਾਰ 903 ਡੀਲਰਾਂ ਨੇ, ਟੈਕਸ, ਵਿਆਜ ਅਤੇ ਜੁਰਮਾਨੇ ਤੋਂ 100 ਫੀਸਦੀ ਛੋਟ ਦਾ ਲਾਭ ਉਠਾਇਆ, ਜਿਸ ਦੇ ਨਤੀਜੇ ਵਜੋਂ ਕੁੱਲ 221 ਕਰੋੜ 75 ਲੱਖ ਰੁਪਏ ਦੇ ਬਕਾਏ ਮੁਆਫ਼ ਕੀਤੇ ਗਏ ।

--------------------------------------------------------------------

ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੇ ਜ਼ਿਲੇ ਵਿੱਚ ਚੱਲ ਰਹੇ ਵਿਕਾਸ ਕੰਮਾਂ ਦਾ ਜਾਇਜਾ ਲੈਣ ਲਈ ਅੱਜ ਇਕ ਵਿਸ਼ੇਸ਼ ਮੀਟਿੰਗ ਕੀਤੀ । ਇਸ ਵਿੱਚ ਹੋਰਨਾਂ ਤੋਂ ਇਲਾਵਾ ਏ.ਡੀ.ਸੀ. ਡੀ. ਸੁਰਿੰਦਰ ਸਿੰਘ ਢਿਲੋਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ

ਹਿੱਸਾ ਲਿਆ। ਡਿਪਟੀ ਕਮਿਸ਼ਨਰ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਬਕਾਇਆ ਕੰਮਾਂ ਨੂੰ ਛੇਤੀ ਤੋਂ ਛੇਤੀ ਨੇਪਰੇ ਚਾੜ੍ਹਿਆ ਜਾਵੇ ਅਤੇ ਜੇਕਰ ਕਿਸੇ ਕੰਮ ਵਿੱਚ ਕੋਈ ਪ੍ਰੇਸ਼ਾਨੀ ਪੇਸ਼ ਆਉਂਦੀ ਏ, ਤਾਂ ਉਹ ਵਧੀਕ ਡਿਪਟੀ ਕਮਿਸਨਰ ਵਿਕਾਸ ਨਾਲ ਤਾਲਮੇਲ ਕਰਨ। ਉਹਨਾਂ ਕਿਹਾ ਕਿ ਜਦੋਂ ਵੀ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕਿਸੇ ਵੀ ਪ੍ਰਕਾਰ ਦੀ ਕੋਈ ਮੀਟਿੰਗ ਕੀਤੀ ਜਾਂਦੀ ਏ, ਤਾਂ ਉਸ ਵਿੱਚ ਸਮੇਂ ਸਿਰ ਪਹੁੰਚਿਆ ਜਾਵੇ। ਮੀਟਿੰਗ ਵਿੱਚ ਸ਼ਾਮਿਲ ਨਾ ਹੋਣ ਵਾਲੇ ਅਧਿਕਾਰੀਆਂ ਨੂੰ ਕਾਰਨ ਦੱਸੋਂ ਨੋਟਿਸ ਜਾਰੀ ਕਰਦਿਆਂ, ਉਨਾਂ ਕਿਹਾ ਕਿ ਇਸ ਦਾ ਜਵਾਬ ਛੇਤੀ ਦਿੱਤਾ ਜਾਵੇ ਨਹੀਂ ਤਾਂ ਉਹਨਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

---------------------------------------------------------------

ਦੇਸ਼ ਦੀ ਆਜ਼ਾਦੀ ਦੀ 77ਵੀਂ ਵਰ੍ਹੇਗੰਢ ਦੇ ਜਸ਼ਨਾਂ ਨੂੰ ਜਾਰੀ ਰੱਖਦਿਆਂ, ਆਕਾਸ਼ਵਾਣੀ ਜਲੰਧਰ ਵੱਲੋਂ ਭਲਕੇ 21 ਅਗਸਤ ਨੂੰ ਜਲੰਧਰ ਸਥਿਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸ਼ਾਂਤੀ ਦੇਵੀ ਮਿੱਤਲ ਆਡੀਟੋਰੀਅਮ ਵਿੱਚ ਸੰਗੀਤ ਸਮਾਗਮ 'ਸੂਫ਼ੀ ਰੰਗ' ਕਰਵਾਇਆ ਜਾ

ਰਿਹਾ ਏ। ਆਕਾਸ਼ਵਾਣੀ ਜਲੰਧਰ ਦੇ ਪ੍ਰੋਗਰਾਮ ਕਾਰਜਕਾਰੀ ਅਧਿਕਾਰੀ ਮੁਹੰਮਦ ਇਮਤਿਆਜ਼ ਨੇ ਦਸਿਆ ਕਿ ਯੂਨੀਵਰਸਿਟੀ ਦੇ ਸਹਿਯੋਗ ਕਰਵਾਏ ਜਾ ਰਹੇ ਇਸ ਪ੍ਰੋਗਰਾਮ ਵਿਚ ਪ੍ਰਸਿੱਧ ਸੂਫੀ ਗਾਇਕ ਰਜਾ ਹੀਰ ਅਤੇ ਯਾਕੂਬ ਆਪਣੀ ਸੰਗੀਤ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ। ਵਿਦਿਆਰਥੀਆਂ ਤੋਂ ਇਲਾਵਾ ਯੂਨੀਵਰਸਿਟੀ ਤੇ ਆਕਾਸ਼ਵਾਣੀ ਜਲੰਧਰ ਦੇ ਉੱਚ ਅਧਿਕਾਰੀ ਅਤੇ ਸਟਾਫ ਵੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣਗੇ। ਸਮਾਗਮ ਦਾ ਉਦੇਸ਼, ਵਿਦਿਆਰਥੀਆਂ ਨੂੰ ਆਜ਼ਾਦੀ ਦੇ ਜਸ਼ਨਾਂ ਵਿੱਚ ਸ਼ਾਮਲ ਕਰਨਾ ਅਤੇ ਉਨ੍ਹਾਂ ਨੂੰ ਭਾਰਤ ਦੇ ਸਾਂਝੇ ਸੱਭਿਆਚਾਰ ਦੇ ਇਕ ਹਿੱਸੇ, ਸੂਫੀ ਸੰਗੀਤ ਤੋਂ ਜਾਣੂ ਕਰਵਾਉਣਾ ਏ।

---------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਬੈਂਸ ਨੇ, ਪੰਜਾਬ ਰਾਈਫਲ ਸ਼ੂਟਿੰਗ ਸੰਘ ਵਲੋ ਮੁਹਾਲੀ ਸ਼ੂਟਿੰਗ ਰੇਂਜ ਚ ਆਯੋਜਿਤ ਸੂਬਾ ਪੱਧਰੀ ਸ਼ੂਟਿੰਗ ਚੈਂਪੀਅਨਸ਼ਿਪ ਦੇ ਜੇਤੂਆਂ ਨੂੰ ਇਨਾਮ ਵੰਡ ਸਮਾਗਮ ਵਿੱਚ ਸ਼ਿਰਕਤ ਕੀਤੀ। ਓਨਾਂ ਪੈਰਿਸ ਓਲੰਪਿਕ ਚ ਸ਼ੂਟਿੰਗ ਚ ਹਿੱਸਾ ਲੈਣ ਵਾਲੇ ਸ਼ੂਟਰਾਂ ਨੂੰ ਸਨਮਾਨਿਤ ਕੀਤਾ। ਜਿਨ੍ਹਾਂ ਚ ਪੈਰਿਸ ਓਲੰਪਿਕ ਵਿੱਚ ਫਾਈਨਲ ਚ

ਸੋਨ ਤਮਗਾ ਜਿੱਤਣ ਤੋਂ ਖੁੰਝ ਕੇ ਚੌਥਾ ਸਥਾਨ ਹਾਸਿਲ ਕਰਨ ਵਾਲੇ ਅਰਜੁਨ ਬਬੂਟਾ, ਮਹਿਲਾ ਸ਼ੂਟਰ ਅੰਜੁਮ ਮੋਦਗਿੱਲ, ਵਿਜੇਵੀਰ ਸਿੱਧੂ ਸ਼ਾਮਲ ਸਨ। ਅਰਜੁਨ ਬਬੂਟਾ ਨੇ ਪੈਰਿਸ ਓਲੰਪਿਕ ਵਿੱਚ ਚੌਥਾ ਸਥਾਨ ਮਿਲਣ ਤੇ ਪ੍ਰਧਾਨ ਮੰਤਰੀ ਮੋਦੀ ਵਲੋਂ ਦਿੱਤੇ ਹੌਂਸਲੇ ਸਦਕਾ ਅਗਲੀ ਵਾਰ ਸੋਨ ਤਮਗਾ ਜਿੱਤਣ ਯਤਨਸ਼ੀਲ ਹੋਣ ਦੀ ਗਲ ਕਹੀ।

---------------------------------------------------------------

ਤਰਨਤਾਰਨ ਅਧੀਨ ਆਉਂਦੇ ਕੱਚਾ ਪੱਕਾ ਦੀਆਂ ਨਹਿਰਾਂ 'ਚ ਬੀਤੀ ਰਾਤ ਸੜਕ ਹਾਦਸੇ ਦੌਰਾਨ, ਇੱਕ ਕਾਰ ਨਹਿਰ ਵਿੱਚ ਡਿੱਗ ਗਈ, ਜਿਸ ਨਾਲ ਕਾਰ ਸਵਾਰ ਦੋ ਨੌਜਵਾਨ ਪਟਵਾਰੀਆਂ ਦੀ ਪਾਣੀ ਵਿੱਚ ਡੁੱਬਣ ਨਾਲ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਰਣਜੋਤ ਸਿੰਘ ਵਾਸੀ ਨਾਰਲੀ ਅਤੇ ਹਰਜਿੰਦਰ ਸਿੰਘ ਵਾਸੀ ਭਿੱਖੀਵਿੰਡ ਵਜੋਂ ਕੀਤੀ ਗਈ ਏ, ਜਿਹੜੇ ਕਿ ਬਤੌਰ ਪਟਵਾਰੀ ਇਲਾਕੇ ਵਿਚ ਤਾਇਨਾਤ ਸਨ । ਮ੍ਰਿਤਕਾਂ ਦੇ ਵਾਰਸਾਂ ਨੇ ਦੱਸਿਆ ਕਿ ਬੀਤੀ ਰਾਤ ਹਰੀਕੇ ਵਾਲੇ ਪਾਸੇ ਤੋਂ ਆ ਰਹੇ ਦੋਵਾਂ ਨੌਜਵਾਨਾਂ ਦੀ ਕਾਰ ਅਚਾਨਕ ਕੰਟਰੋਲ ਤੋਂ ਬਾਹਰ ਹੋ ਗਈ ਅਤੇ ਥਾਣਾ ਕੱਚਾ ਪੱਕਾ ਨਜਦੀਕ ਬਣੀ ਨਹਿਰ ਵਿੱਚ ਜਾ ਡਿੱਗੀ। ਨਹਿਰ

ਵਿਚ ਵੱਧ ਪਾਣੀ ਹੋਣ ਕਰਕੇ ਗੱਡੀ ਨਹਿਰ ਵਿੱਚ ਹੀ ਡੁੱਬ ਗਈ ਅਤੇ ਦੋਵੇਂ ਪਟਵਾਰੀਆਂ ਦੀ ਡੁੱਬਣ ਕਾਰਨ ਮੌਤ ਹੋ ਗਈ।

--------------------------------------------------------

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਆਫ਼ਤਾਂ ਕਾਰਨ ਹੋਣ ਵਾਲੇ ਜਾਨੀ ਨੁਕਸਾਨ ਨੂੰ ਘਟਾਉਣ ਲਈ, ਦੇਸ਼ ਦੀ ਅਗਾਊਂ -ਅਨੁਮਾਨ ਪ੍ਰਣਾਲੀ ਨੂੰ ਫੂਲਪਰੂਫ ਤੇ ਵਧੇਰੇ ਸਟੀਕ ਬਣਾਉਣ ਦੀ ਜਰੂਰਤ 'ਤੇ ਜ਼ੋਰ ਦਿੱਤਾ ਏ।
- ਸੁਪਰੀਮ ਕੋਰਟ ਨੇ ਮੈਡੀਕਲ ਪੇਸ਼ੇਵਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ, ਇੱਕ ਕੌਮੀ ਕਾਰਜ ਬਲ  ਦਾ ਗਠਨ ਕੀਤਾ ਏ।
- ਪੰਜਾਬ ਵਿਚ ਵਿਰਾਸਤੀ ਟੈਕਸ ਮਾਮਲਿਆਂ ਨੂੰ ਘਟਾਉਣ ਤੇ ਸੁਚਾਰੂ ਬਣਾਉਣ ਲਈ ਸ਼ੁਰੂ ਯਕਮੁਸ਼ਤ ਨਿਪਟਾਰਾ ਸਕੀਮ - 3 ਦਾ ਕੁੱਲ, 70 ਹਜ਼ਾਰ 311 ਡੀਲਰਾਂ ਨੇ ਲਾਭ ਲਿਆ ਏ।
- ਆਜ਼ਾਦੀ ਦੀ 77ਵੀਂ ਵਰ੍ਹੇਗੰਢ ਦੇ ਜਸ਼ਨਾਂ ਨੂੰ ਜਾਰੀ ਰੱਖਦਿਆਂ, ਆਕਾਸ਼ਵਾਣੀ ਜਲੰਧਰ ਵੱਲੋਂ ਭਲਕੇ ਲਵਲੀ ਪ੍ਰੋਫੈਸ਼ਨਲ

ਯੂਨੀਵਰਸਿਟੀ ਵਿੱਚ, ਸੰਗੀਤ ਸਮਾਗਮ 'ਸੂਫ਼ੀ ਰੰਗ' ਕਰਵਾਇਆ ਜਾਵੇਗਾ।